ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ



ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ 28 ਨਵੰਬਰ ਨੂੰ ਸ਼ਾਮ 4.00 ਤੋਂ 6.00 ਵਜੇ ਤੱਕ ਭਾਈ ਜਤਿੰਦਰਪਾਲ ਸਿੰਘ ਅਤੇ 29 ਨਵੰਬਰ ਨੂੰ ਸਵੇਰੇ 4.00 ਤੋਂ 6.00 ਵਜੇ ਤੱਕ ਭਾਈ ਜਗਤਾਰ ਸਿੰਘ ਰਾ 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 28 ਨਵੰਬਰ ਨੂੰ ਸ਼ਾਮ 4.30 ਤੋਂ 6.30 ਵਜੇ ਤੱਕ ਭਾਈ ਜਤਿੰਦਰਪਾਲ ਸਿੰਘ ਤੇ ਭਾਈ ਜੁਝਾਰ ਸਿੰਘ ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' ਭਾਈ ਤਜਿੰਦਰ ਸਿੰਘ ਤੇ 29 ਨਵੰਬਰ ਨੂੰ ਸਵੇਰੇ 3.55 ਵਜੇ ਤੋਂ 7.45 ਵਜੇ ਤੱਕ ਭਾਈ ਜਗਤਾਰ ਸਿੰਘ ਰਾ ਤੇ ਭਾਈ ਨਵਨੀਤ ਸਿੰਘ ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.55 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 28 ਨਵੰਬਰ ਨੂੰ ਭਾਈ ਸਾਹਿਬ ਭਾਈ ਹਰਪਾਲ ਸਿੰਘ ਮੁੱਖ ਗ੍ਰੰਥੀ ਗੁ: ਸ੍ਰੀ ਫ਼ਤਹਿਗੜ੍ਹ ਸਾਹਿਬ ਤੇ 29 ਨਵੰਬਰ ਨੂੰ ਗਿਆਨੀ ਸੰਤੋਖ ਸਿੰਘ ਸੁਰਸਿੰਘ, ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਮਿਲਕਫੈੱਡ ਪੰਜਾਬ ਨੇ 20 ਠੰਢੇ ਦੁੱਧ ਦੇ ਟੈਂਕਰਾਂ ਦੇ ਪਹਿਲੇ ਬੈਚ ਨੂੰ ਕੀਤਾ ਰਵਾਨਾ

ਐੱਸ. ਏ. ਐੱਸ. ਨਗਰ, 27 ਨਵੰਬਰ (ਪ੍ਰੋ. ਅਵਤਾਰ ਸਿੰਘ)-'ਵਿਸ਼ਵ ਦੁੱਧ ਦਿਵਸ' ਮੌਕੇ ਮੁੱਖ ਮੰਤਰੀ ਭਗਵੰਤ ਮਾਨ ਦੀ ਦੂਰਦਰਸ਼ੀ ਅਗਵਾਈ ਹੇਠ ਆਪਣੇ ਪ੍ਰਮੁੱਖ ਬ੍ਰਾਂਡ ਵੇਰਕਾ ਲਈ ਮਸ਼ਹੂਰ ਮਿਲਕਫੈੱਡ ਪੰਜਾਬ ਵਲੋਂ 20 ਅਤਿ-ਆਧੁਨਿਕ ਠੰਢੇ ਦੁੱਧ ਦੇ ਟੈਂਕਰਾਂ ਨੂੰ ਰਵਾਨਾ ਕੀਤਾ। ਇਹ ਪਹਿਲਕਦਮੀ ਵੇਰਕਾ ਦੇ ਦੁੱਧ ਦੀ ਖ਼ਰੀਦ ਤੇ ਸਪਲਾਈ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ 'ਚ ਮੀਲ-ਪੱਥਰ ਸਾਬਿਤ ਹੋਵੇਗੀ। ਟੈਂਕਰਾਂ ਨੂੰ ਹਰੀ ਝੰਡੀ ਦਿਖਾਉਂਦੇ ਹੋਏ ਮਿਲਕਫੈੱਡ ਦੇ ਚੇਅਰਮੈਨ ਨਰਿੰਦਰ ਸਿੰਘ ਸ਼ੇਰਗਿੱਲ ਨੇ ਕਿਹਾ ਕਿ 20 ਅਤਿ-ਆਧੁਨਿਕ ਠੰਢੇ ਦੁੱਧ ਵਾਲੇ ਟੈਂਕਰਾਂ, ਜਿਨ੍ਹਾਂ ਦੀ ਸਮਰੱਥਾ 10,000 ਲੀਟਰ ਹੈ, ਨੂੰ ਵੇਰਕਾ ਮਿਲਕ ਪਲਾਂਟ ਮੁਹਾਲੀ ਤੋਂ ਰਵਾਨਾ ਕੀਤਾ। ਉਨ੍ਹਾਂ ਕਿਹਾ ਕਿ ਇਹ ਪਹਿਲ ਮਿਲਕਫੈੱਡ ਦੇ 60 ਅਜਿਹੇ ਆਧੁਨਿਕ ਦੁੱਧ ਟੈਂਕਰਾਂ ਨੂੰ ਸ਼ਾਮਿਲ ਕਰਨ ਦੇ ਵੱਡੇ ਪ੍ਰਾਜੈਕਟ ਦਾ ਹਿੱਸਾ ਹੈ, ਜਿਨ੍ਹਾਂ ਨੂੰ ਕੁੱਲ 20 ਕਰੋੜ ਰੁ. ਦੀ ਲਾਗਤ ਨਾਲ ਖ਼ਰੀਦਿਆ ਜਾ ਰਿਹਾ ਹੈ। ਦੁੱਧ ਟੈਂਕਰਾਂ ਦਾ ਨਵਾਂ ਫਲੀਟ ਪੰਜਾਬ ਭਰ ਦੀਆਂ ਪਿੰਡ ਪੱਧਰੀ ਦੁੱਧ ਸਭਾਵਾਂ ਤੋਂ ਇਕੱਠੇ ਕੀਤੇ ਦੁੱਧ ਲਈ ਇਕ ਸੁਰੱਖਿਅਤ, ਵਧੇਰੇ ਭਰੋਸੇਮੰਦ ਅਤੇ ਪੂਰੀ ਤਰ੍ਹਾਂ ਤਾਪਮਾਨ ਨਿਯੰਤਰਤ ਆਵਾਜਾਈ ਪ੍ਰਣਾਲੀ ਨੂੰ ਯਕੀਨੀ ਬਣਾਏਗਾ। ਚੇਅਰਮੈਨ ਸ਼ੇਰਗਿੱਲ ਨੇ ਅੱਗੇ ਕਿਹਾ ਕਿ ਇਹ ਟੈਂਕਰ ਮਿਲਕਫੈੱਡ ਦੇ ਪ੍ਰੋਸੈਸਿੰਗ ਪਲਾਂਟਾਂ ਤੱਕ ਤਾਜ਼ਾ ਤੇ ਉੱਚ-ਗੁਣਵੱਤਾ ਵਾਲਾ ਦੁੱਧ ਪਹੁੰਚਾਉਣ 'ਚ ਅਹਿਮ ਭੂਮਿਕਾ ਨਿਭਾਉਣਗੇ। ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਹ ਪਹਿਲ ਦੁੱਧ ਦੀ ਗੁਣਵੱਤਾ 'ਚ ਮਹੱਤਵਪੂਰਨ ਵਾਧਾ ਕਰੇਗੀ, ਨੁਕਸਾਨ ਨੂੰ ਘਟਾਏਗੀ ਤੇ ਖਪਤਕਾਰਾਂ ਨੂੰ ਸੁਰੱਖਿਅਤ ਅਤੇ ਪੌਸ਼ਟਿਕ ਡੇਅਰੀ ਉਤਪਾਦ ਪ੍ਰਦਾਨ ਕਰਨ ਲਈ ਵੇਰਕਾ ਦੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰੇਗੀ। ਇਸ ਮੌਕੇ ਵਿੱਤ ਕਮਿਸ਼ਨਰ (ਸਹਿਕਾਰਤਾ) ਸੁਮੇਰ ਸਿੰਘ ਗੁਰਜਰ ਤੇ ਮਿਲਕਫੈੱਡ ਦੇ ਐਮ. ਡੀ. ਰਾਹੁਲ ਗੁਪਤਾ ਵੀ ਹਾਜ਼ਰ ਸਨ।

ਵੇਰਕਾ ਮਿਲਕ ਪਲਾਂਟ ਮੁਹਾਲੀ ਤੋਂ 20 ਅਤਿ-ਆਧੁਨਿਕ ਠੰਢੇ ਦੁੱਧ ਦੇ ਟੈਂਕਰਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕਰਦੇ ਹੋਏ ਮਿਲਕਫੈੱਡ ਦੇ ਚੇਅਰਮੈਨ ਨਰਿੰਦਰ ਸਿੰਘ ਸ਼ੇਰਗਿੱਲ ਤੇ ਅਧਿਕਾਰੀ। ਅਜੀਤ ਤਸਵੀਰ

ਪਿੰਡ ਬਜਹੇੜੀ ਨੇੜੇ ਟੋਲ ਪਲਾਜ਼ਾ 'ਤੇ ਰੋਸ ਧਰਨਾ ਦਿੰਦੇ ਹੋਏ ਪਿੰਡਾਂ ਦੇ ਵਸਨੀਕ ਤੇ ਕਿਸਾਨ ਆਗੂ। ਤਸਵੀਰ : ਗੁਰਮੁੱਖ ਸਿੰਘ ਮਾਨ

ਹਾਈਵੇਅ ਅਥਾਰਿਟੀ ਵਲੋਂ ਅੱਜ ਮਸਲਾ ਹੱਲ ਨਾ ਕੀਤਾ ਤਾਂ ਸਖ਼ਤ ਐਕਸ਼ਨ ਲਿਆ ਜਾਵੇਗਾ-ਥੇੜ੍ਹੀ

ਖਰੜ, 27 ਨਵੰਬਰ (ਗੁਰਮੁੱਖ ਸਿੰਘ ਮਾਨ)- ਭਾਰਤ ਸਰਕਾਰ ਦੀ ਰਾਸ਼ਟਰੀ ਰਾਜ ਮਾਰਗ ਅਥਾਰਿਟੀ ਵਲੋਂ ਹਾਲ ਹੀ ਵਿਚ ਸਬ-ਡਵੀਜ਼ਨ ਖਰੜ ਦੇ ਪਿੰਡਾਂ 'ਚੋਂ ਕੱਢੇ ਗਏ ਰਾਸ਼ਟਰੀ ਰਾਜ ਮਾਰਗ ਨੰ. 205 'ਤੇ ਰੰਧਾਵਾ ਰੋਡ ਨੇੜੇ ਪਿੰਡ ਬਜਹੇੜੀ ਤੇ ਪੀਰ ਸੁਹਾਣਾ ਦੀ ਆਵਾਜਾਈ ਲਈ ਰਸਤਾ ਨਾ ਦਿੱਤੇ ਜਾਣ ਦੇ ਰੋਸ ਵਜੋਂ ਪਿੰਡਾਂ ਦੀਆਂ ਪੰਚਾਇਤਾਂ ਤੇ ਭਾਰਤੀ ਕਿਸਾਨ ਯੂਨੀਅਨ ਵਲੋਂ ਟੋਲ ਪਲਾਜ਼ਾ 'ਤੇ ਸਰਕਾਰ ਖ਼ਿਲਾਫ਼ ਪੱਕਾ ਧਰਨਾ ਲਗਾਇਆ ਗਿਆ ਹੈ। ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੇ ਆਗੂ ਮੇਹਰ ਸਿੰਘ ਥੇੜ੍ਹੀ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕਿੰਨੀ ਹੈਰਾਨੀ ਦੀ ਗੱਲ ਹੈ ਕਿ ਹੁਣ ਤੱਕ ਸਰਕਾਰ ਦਾ ਕੋਈ ਚੁਣਿਆ ਹੋਇਆ ਨੁਮਾਇੰਦਾ ਜਾਂ ਪ੍ਰਸ਼ਾਸਨਿਕ ਅਧਿਕਾਰੀ ਧਰਨਾ ਸਥਾਨ 'ਤੇ ਨਹੀਂ ਆਇਆ। ਉਨ੍ਹਾਂ ਕਿਹਾ ਕਿ ਪੰਚਾਇਤਾਂ ਤੇ ਇਲਾਕਾ ਵਾਸੀਆਂ ਵਲੋਂ ਫ਼ੈਸਲਾ ਲਿਆ ਗਿਆ ਹੈ ਕਿ ਜੇਕਰ ਉਨ੍ਹਾਂ ਦਾ ਮਸਲਾ ਨਾ ਕੀਤਾ ਗਿਆ ਤਾਂ 28 ਨਵੰਬਰ ਤੋਂ ਕੋਈ ਸਖ਼ਤ ਐਕਸ਼ਨ ਲਿਆ ਜਾਵੇਗਾ ਤਾਂ ਕਿ ਸਰਕਾਰ, ਪ੍ਰਸ਼ਾਸਨ ਤੇ ਹਾਈਵੇਅ ਅਥਾਰਟੀ ਦੀਆਂ ਅੱਖਾਂ ਖੁੱਲ੍ਹ ਸਕਣ। ਇਸ ਮੌਕੇ ਸਮੂਚੇ ਬੁਲਾਰਿਆਂ ਨੇ ਮੰਗ ਕੀਤੀ ਭਾਰਤ ਮਾਲਾ ਪ੍ਰਾਜੈਕਟ ਤਹਿਤ ਜਿਹੜੀ ਸੜਕ ਤਿਆਰ ਹੋਈ ਹੈ, ਉਸ 'ਤੇ ਪਿੰਡ ਬਜਹੇੜੀ ਤੇ ਪੀਰ ਸੁਹਾਣਾ ਦੇ ਦਰਮਿਆਨ ਸੜਕ 'ਤੇ ਆਉਣ-ਜਾਣ ਲਈ ਰਸਤਾ ਦਿੱਤਾ ਜਾਵੇ। ਇਸ ਮੌਕੇ ਭੁਪਿੰਦਰ ਸਿੰਘ ਸਰਪੰਚ ਬਜਹੇੜੀ, ਅਮਨਦੀਪ ਸਿੰਘ ਮਾਨ, ਰਣਜੀਤ ਸਿੰਘ ਕਿਸਾਨ ਆਗੂ, ਚਰਨਜੀਤ ਸਿੰਘ ਢੀਂਡਸਾ, ਗੁਰਨਾਮ ਸਿੰਘ, ਨਰਿੰਦਰ ਕੁਮਾਰ, ਮੋਹਨ ਸਿੰਘ ਸਾਬਕਾ ਪੰਚ, ਗੁਰਮੀਤ ਸਿੰਘ ਧਨੋਆ, ਹਕੀਕਤ ਸਿੰਘ ਘੜੂੰਆਂ, ਗੁਰਿੰਦਰ ਸਿੰਘ ਗਿੱਲ, ਬਲਵਿੰਦਰ ਸਿੰਘ, ਬਾਵਾ ਸਿੰਘ, ਮੇਜਰ ਸਿੰਘ ਬਜਹੇੜੀ, ਗੁਰਦੇਵ ਸਿੰਘ ਸਾਬਕਾ ਸਰਪੰਚ, ਰਣਜੀਤ ਸਿੰਘ, ਗੁਰਨਾਮ ਸਿੰਘ, ਮੋਹਨ ਸਿੰਘ, ਅਮਰਜੀਤ ਸਿੰਘ ਸੀ. ਟੀ. ਯੂ., ਗੁਰਿੰਦਰ ਸਿੰਘ ਗਿੱਲ, ਬਲਵਿੰਦਰ ਸਿੰਘ, ਛੋਟਾ ਸਿੰਘ, ਸੁਰਮੁੱਖ ਸਿੰਘ, ਅਸ਼ੋਕ ਬਜਹੇੜੀ ਤੇ ਗੁਰਚਰਨ ਸਿੰਘ ਸਮੇਤ ਹੋਰਨਾਂ ਪਿੰਡਾਂ ਦੇ ਵਸਨੀਕ ਵੀ ਹਾਜ਼ਰ ਸਨ।

ਮਾਮਲਾ ਤਕਰੀਬਨ 20-25 ਪਿੰਡਾਂ ਨੂੰ ਸੜਕ 'ਤੇ ਆਉਣ-ਜਾਣ ਲਈ ਰਸਤਾ ਨਾ ਦੇਣ ਦਾ

'ਇੰਡ-ਯੂ. ਐੱਸ. ਕੈਨੇਡਾ ਵਲੋਂ' ਪ੍ਰਵਾਸੀ ਭਾਰਤੀਆਂ ਲਈ ਡੁਅਲ ਸਿਟੀਜ਼ਨਸ਼ਿਪ ਦੀ ਮੰਗ ਦੁਹਰਾਈ

ਚੰਡੀਗੜ੍ਹ, 27 ਨਵੰਬਰ (ਅਜਾਇਬ ਸਿੰਘ ਔਜਲਾ)-ਅਮਰੀਕਾ ਤੇ ਕੈਨੇਡਾ ਵਿਚ ਰਹਿੰਦੇ 79 ਮੁੱਖ ਭਾਰਤੀ ਸੰਸਥਾਵਾਂ ਦਾ ਪ੍ਰਤੀਨਿਧਤਾ ਕਰਨ ਵਾਲੇ ਫੋਰਮ 'ਇੰਡ-ਯੂ. ਐੱਸ. ਕੈਨੇਡਾ' ਨੇ ਭਾਰਤ ਸਰਕਾਰ ਨੂੰ ਪ੍ਰਵਾਸੀ ਭਾਰਤੀਆਂ ਲਈ ਡੁਅਲ ਸਿਟੀਜ਼ਨਸ਼ਿਪ (ਦੋਹਰੀ ਨਾਗਰਿਕਤਾ) ਲਾਗੂ ਕਰਨ ਦੀ ਅਪੀਲ ਦੁਹਰਾਈ ਹੈ। ਇਸ ਫੋਰਮ ਦੇ ਪ੍ਰਮੁੱਖ ਵਿਕਰਮ ਬਾਜਵਾ ਨੇ ਕਿਹਾ ਕਿ ਡੁਅਲ ਸਿਟੀਜ਼ਨਸ਼ਿਪ ਕੋਈ ਸਧਾਰਨ ਪ੍ਰਸ਼ਾਸਨਿਕ ਕਦਮ ਨਹੀਂ, ਸਗੋਂ ਭਾਰਤ ਦੀ ਵਿਸ਼ਵ ਪੱਧਰ 'ਤੇ ਸਥਿਤੀ ਨੂੰ ਬਦਲ ਸਕਣ ਵਾਲਾ ਇਕ ਇਤਿਹਾਸਕ ਫ਼ੈਸਲਾ ਹੋ ਸਕਦਾ ਹੈ। ਚੰਡੀਗੜ੍ਹ ਪ੍ਰੈੱਸ ਕਲੱਬ ਵਿਖੇ ਇਕ ਪ੍ਰੈੱਸ ਕਾਨਫ਼ਰੰਸ ਨੂੰ ਸੰਬੋਧਨ ਕਰਦੇ ਹੋਏ, ਬਾਜਵਾ ਨੇ ਵਿਦੇਸ਼ ਮੰਤਰਾਲੇ ਦੇ ਅੰਕੜੇ ਦਰਸਾਉਂਦੇ ਕਿਹਾ ਕਿ ਅਮਰੀਕਾ ਅਤੇ ਕੈਨੇਡਾ ਵਿਚ 80 ਲੱਖ ਤੋਂ ਵੱਧ ਭਾਰਤੀ ਮੂਲ ਦੇ ਲੋਕ ਵੱਸਦੇ ਹਨ, ਜੋ ਭਾਰਤ ਲਈ ਇਕ ਵੱਡੀ ਤਾਕਤ ਹਨ ਪਰ ਡੁਅਲ ਸਿਟੀਜ਼ਨਸ਼ਿਪ ਦੇ ਅਧਿਕਾਰਾਂ ਦੀ ਕਮੀ ਕਾਰਨ ਭਾਰਤ ਉਨ੍ਹਾਂ ਦੀ ਵਿੱਤੀ ਸਮਰੱਥਾ, ਪੇਸ਼ਾਵਰ ਕਾਬਲੀਆਂ ਤੇ ਗਲੋਬਲ ਪ੍ਰਭਾਵ ਦਾ ਪੂਰਾ ਲਾਭ ਨਹੀਂ ਲੈ ਸਕਦਾ। ਬਾਜਵਾ ਨੇ ਇਸ ਗੱਲ 'ਤੇ ਹੈਰਾਨੀ ਜਤਾਈ ਕਿ ਜਦੋਂ ਇਜ਼ਰਾਈਲ, ਕੈਨੇਡਾ, ਯੂ. ਕੇ., ਆਸਟ੍ਰੇਲੀਆ ਅਤੇ ਇੱਥੋਂ ਤੱਕ ਕਿ ਪਾਕਿਸਤਾਨ ਵੀ ਆਪਣੇ ਪ੍ਰਵਾਸੀਆਂ ਲਈ ਡੁਅਲ ਸਿਟੀਜ਼ਨਸ਼ਿਪ ਵਰਗੇ ਫ਼ਾਇਦੇ ਦੇ ਰਹੇ ਹਨ, ਤਾਂ ਭਾਰਤ ਕਿਉਂ ਚੁੱਪ ਹੈ? ਉਨ੍ਹਾਂ ਕਿਹਾ ਕਿ ਡੁਅਲ ਸਿਟੀਜ਼ਨਸ਼ਿਪ ਭਾਰਤ ਨੂੰ ਗਲੋਬਲ ਅਰਥਵਿਵਸਥਾ ਨਾਲ ਹੋਰ ਮਜ਼ਬੂਤੀ ਨਾਲ ਜੋੜ ਸਕਦੀ ਹੈ ਤੇ ਪ੍ਰਧਾਨ ਮੰਤਰੀ ਮੋਦੀ ਦੇ ਵਿਕਸਿਤ ਭਾਰਤ ਮਿਸ਼ਨ ਨੂੰ ਤੇਜ਼ੀ ਦੇ ਨਾਲ ਅੱਗੇ ਵਧਾ ਸਕਦੀ ਹੈ। ਕੈਨੇਡਾ ਵਿਚ ਖ਼ਾਸਕਰ ਪੰਜਾਬੀ ਭਾਈਚਾਰੇ ਵਿਰੁੱਧ ਵੱਧ ਰਹੇ ਅਪਰਾਧਾਂ 'ਤੇ ਬਾਜਵਾ ਨੇ ਚਿੰਤਾ ਜਤਾਈ। ਅੰਤ 'ਚ ਇੰਡ -ਯੂ. ਐਸ. ਕੈਨੇਡਾ ਨੇ ਪ੍ਰਧਾਨ ਮੰਤਰੀ ਮੋਦੀ ਤੇ ਨੀਤੀ ਨਿਰਮਾਤਾਵਾਂ ਨੂੰ ਵਿਸ਼ਵ-ਵਿਆਪੀ ਭਾਰਤੀ ਭਾਈਚਾਰੇ ਦੀ ਇਸ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ 'ਤੇ ਗੰਭੀਰਤਾ ਨਾਲ ਵਿਚਾਰ ਕਰਨ ਦੀ ਅਪੀਲ ਕੀਤੀ। ਫੋਰਮ ਨੇ ਕਿਹਾ ਕਿ ਦੋਹਰੀ ਨਾਗਰਿਕਤਾ ਸਿਰਫ਼ ਇਕ ਵਿਸ਼ੇਸ਼ ਅਧਿਕਾਰ ਨਹੀਂ ਹੈ, ਸਗੋਂ ਵਿਸ਼ਵ ਪੱਧਰ 'ਤੇ ਭਾਰਤ ਦੀ ਪੂਰੀ ਸਮਰੱਥਾ ਨੂੰ ਉਜਾਗਰ ਕਰਨ ਦਾ ਇਕ ਸ਼ਕਤੀਸ਼ਾਲੀ ਤਰੀਕਾ ਹੈ।



ਚੰਡੀਗੜ੍ਹ ਪ੍ਰੈਸ ਕਲੱਬ ਵਿਖੇ 'ਇੰਡ-ਯੂ. ਐਸ., ਕੈਨੇਡਾ' ਫੋਰਮ ਦੇ ਪ੍ਰਮੁੱਖ ਵਿਕਰਮ ਬਾਜਵਾ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ। ਤਸਵੀਰ : ਕਮਲਜੀਤ ਸਿੰਘ

ਸਰਬ-ਧਰਮ ਸੰਮੇਲਨ ਦੌਰਾਨ ਚੰਡੀਗੜ੍ਹ ਯੂਨੀਵਰਸਿਟੀ ਦੀ ਗੁਰੂ ਨਾਨਕ ਚੇਅਰ ਫਾਰ ਸਟੱਡੀਜ਼ ਇਨ ਯੂਨੀਵਰਸਲ ਐਡਵਾਂਸਡਮੈਂਟ ਵਲੋਂ ਪ੍ਰਕਾਸ਼ਿਤ ਪੁਸਤਕ 'ਪੁਆਧ ਵਿਚ ਗੁਰੂ ਤੇਗ਼ ਬਹਾਦਰ ਜੀ ਦੇ ਗੁਰਧਾਮ' ਨੂੰ ਲੋਕ-ਅਰਪਣ ਕਰਦੇ ਹੋਏ ਦਾ ਸੰਸਦ ਮੈਂਬਰ (ਰਾਜ ਸਭਾ) ਸਤਨਾਮ ਸਿੰਘ ਸੰਧੂ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ। ਅਜੀਤ ਤਸਵੀਰ

ਚੰਡੀਗੜ੍ਹ ਯੂਨੀਵਰਸਿਟੀ ਵਿਖੇ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸਰਬ-ਧਰਮ ਸੰਮੇਲਨ ਕਰਵਾਇਆ

ਐੱਸ. ਏ. ਐੱਸ. ਨਗਰ, 27 ਨਵੰਬਰ (ਪ੍ਰੋ. ਅਵਤਾਰ ਸਿੰਘ)-ਚੰਡੀਗੜ੍ਹ ਯੂਨੀਵਰਸਿਟੀ ਦੇ ਘੜੂੰਆਂ ਕੈਂਪਸ ਵਿਖੇ ਗੁਰੂ ਤੇਗ਼ ਬਹਾਦਰ ਜੀ, ਭਾਈ ਸਤੀ ਦਾਸ, ਭਾਈ ਮਤੀ ਦਾਸ ਤੇ ਭਾਈ ਦਿਆਲਾ ਦੀ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸਰਬ-ਧਰਮ ਸੰਮੇਲਨ ਕਰਵਾਇਆ ਗਿਆ, ਜਿਸ ਦਾ ਮੁੱਖ ਵਿਸ਼ਾ 'ਸਗਲ ਸ੍ਰਿਸਟਿ ਪੈ ਢਾਪੀ ਚਾਦਰ' 'ਤੇ ਆਧਾਰਿਤ ਸੀ। ਇਸ ਮੌਕੇ ਹਾਜ਼ਰ ਸ਼ਖ਼ਸੀਅਤਾਂ 'ਚ ਸੰਸਦ ਮੈਂਬਰ (ਰਾਜ ਸਭਾ) ਅਤੇ ਚੰਡੀਗੜ੍ਹ ਯੂਨੀਵਰਸਿਟੀ ਦੇ ਚਾਂਸਲਰ ਸਤਨਾਮ ਸਿੰਘ ਸੰਧੂ, ਗੁਰੂ ਨਾਨਕ ਚੇਅਰ ਫਾਰ ਸਟੱਡੀਜ਼ ਇਨ ਯੂਨੀਵਰਸਲ ਐਡਵਾਂਸਮੈਂਟ ਦੇ ਚੇਅਰਪਰਸਨ ਡਾ. ਹਰਪਾਲ ਸਿੰਘ ਪਨੂੰ, ਪੰਜਾਬ ਦੇ ਸ਼ਾਹੀ ਇਮਾਮ ਮੌਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀਂ, ਪ੍ਰਾਚੀਨ ਨਿਰਮਲ ਮਹਾਂਮੰਡਲ ਹੁਸ਼ਿਆਰਪੁਰ ਦੇ ਪ੍ਰਧਾਨ ਸੰਤ ਤੇਜਾ ਸਿੰਘ, ਇਸਕਾਨ ਮੰਦਰ, ਚੰਡੀਗੜ੍ਹ ਤੋਂ ਹਿੰਦੂ ਅਚਾਰਿਆ ਪ੍ਰਘੋਸ਼ ਪ੍ਰਭੂ, ਦਰਬਾਰ ਸ੍ਰੀ ਭੈਣੀ ਸਾਹਿਬ ਦੇ ਪ੍ਰਧਾਨ ਸੂਬਾ ਬਲਵਿੰਦਰ ਸਿੰਘ ਨਾਮਧਾਰੀ, ਪਾਦਰੀ ਸੋਹਨ ਐੱਲ ਸ਼ਾਲੋਮ ਅਤੇ ਸ੍ਰੀ ਰਤਵਾੜਾ ਸਾਹਿਬ ਤੋਂ ਭਾਈ ਸੁਖਵਿੰਦਰ ਸਿੰਘ ਆਦਿ ਸ਼ਾਮਿਲ ਸਨ। ਸੰਮੇਲਨ ਦੀ ਸ਼ੁਰੂਆਤ ਮੌਕੇ ਚੰਡੀਗੜ੍ਹ ਯੂਨੀਵਰਸਿਟੀ ਦੀ ਗੁਰੂ ਨਾਨਕ ਚੇਅਰ ਫਾਰ ਸਟੱਡੀਜ਼ ਇਨ ਯੂਨੀਵਰਸਲ ਐਡਵਾਂਸਡਮੈਂਟ ਵਲੋਂ ਪ੍ਰਕਾਸ਼ਿਤ ਉੱਘੇ ਪੰਜਾਬੀ ਲੇਖਕ ਗੁਰਪ੍ਰੀਤ ਸਿੰਘ ਨਿਆਮੀਆਂ ਦੀ ਪੁਸਤਕ 'ਪੁਆਧ ਵਿਚ ਗੁਰੂ ਤੇਗ਼ ਬਹਾਦਰ ਜੀ ਦੇ ਗੁਰਧਾਮ' ਨੂੰ ਸੰਸਦ ਮੈਂਬਰ (ਰਾਜ ਸਭਾ) ਸਤਨਾਮ ਸਿੰਘ ਸੰਧੂ ਤੇ ਹੋਰਨਾਂ ਪ੍ਰਮੁੱਖ ਸ਼ਖ਼ਸੀਅਤਾਂ ਵਲੋਂ ਰਿਲੀਜ਼ ਕੀਤਾ। ਇਸ ਪੁਸਤਕ 'ਚ ਜ਼ਿਕਰ ਕੀਤਾ ਗਿਆ ਹੈ ਕਿ ਪੁਆਧ ਦੀ ਧਰਤੀ ਦੇ ਚੱਪੇ-ਚੱਪੇ 'ਤੇ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਪਾਵਨ ਪਵਿੱਤਰ ਚਰਨ ਪਏ ਹਨ। ਇਸ ਮੌਕੇ ਪੰਜਾਬ ਦੇ ਸ਼ਾਹੀ ਇਮਾਮ ਮੌਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀਂ ਨੇ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਗੁਰੂ ਤੇਗ਼ ਬਹਾਦਰ ਜੀ ਲਾਸਾਨੀ ਸ਼ਹਾਦਤ ਬਾਰੇ ਜਾਣੇ। ਇਸ ਮੌਕੇ ਸੰਸਦ ਮੈਂਬਰ (ਰਾਜ ਸਭਾ) ਤੇ ਚੰਡੀਗੜ੍ਹ ਯੂਨੀਵਰਸਿਟੀ ਦੇ ਚਾਂਸਲਰ ਸਤਨਾਮ ਸਿੰਘ ਸੰਧੂ ਨੇ ਕਿਹਾ ਕਿ ਗੁਰੂ ਤੇਗ਼ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਨੂੰ ਸ਼ਰਧਾ ਤੇ ਸਨਮਾਨ ਦੇ ਨਾਲ ਮਨਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਸਾਡਾ ਸੁਭਾਗ ਹੈ ਕਿ ਚੰਡੀਗੜ੍ਹ ਯੂਨੀਵਰਸਿਟੀ ਉਸ ਜਗ੍ਹਾ 'ਤੇ ਸਥਾਪਿਤ ਹੈ, ਜਿਸ